ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 23 ਜੁਲਾਈ 2024

R. N. I. Punpun/29016/2008 ✶ ਸਾਲ 16 , ✶ ਅੰਕ : 50, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਅੱਜ ਦਾ ਸੁਭ ਵਿਚਾਰ

ਜਿਸ ਕਿਸੇ ਨੇ ਵੀ ਜ਼ਿੰਦਗੀ ਦੇ ਸਫਰ ਵਿੱਚ ਕਿਸੇ ਵੀ ਵੇਲੇ ਤੁਹਾਡੀ ਮੱਦਦ ਕੀਤੀ ਹੈ, ਹਮੇਸ਼ਾ ਉਨ੍ਹਾਂ ਦੇ ਧੰਨਵਾਦੀ ਰਹੋ ਅਤੇ ਉਨ੍ਹਾਂ ਦੀ ਕਿਰਪਾ ਦਾ ਅਹਿਸਾਨ ਚੁਕਾਉਣ ਦੀ ਕੋਸ਼ਿਸ਼ ਜ਼ਰੂਰ ਕਰੋ ।

ਹਰਜਿੰਦਰ ਕੌਰ ਕਾਤਰੋਂ

ਰੋਜ਼ਾਨਾ ਲੋਕ ਬਾਣੀ
www.lokbani.com

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
ਕੈਨੇਡਾ/ਯੂ. ਕੇ./ ਆਸਟ੍ਰੇਲੀਆਂ ਟੂਰਿਸਟ ਵੀਜ਼ਾ
2155 ਵੀਜ਼ਾ
1 ਜਨਵਰੀ ਤੋਂ 30 ਮਾਰਚ ਤੱਕ ਲੱਗੇ
easyvisa | 8194828282

ਮਸਕਟ ਵਿਚ ਉਤਾਰਿਆ ਗਿਆ ਦਿੱਲੀ ਆ ਰਿਹਾ ਜਹਾਜ਼

(ਲੋਕ ਬਾਣੀ) / ਦਿੱਲੀ

ਅਬੂਧਾਬੀ ਤੋਂ ਕੌਮੀ ਰਾਜਧਾਨੀ ਦਿੱਲੀ ਆ ਰਹੀ ਇੰਡੀਗੋ ਦੀ ਇਕ ਹਵਾਈ ਉਡਾਣ ਨੂੰ ਤਕਨੀਕੀ ਖਰਾਬੀ ਕਾਰਨ ਅੱਜ ਮਸਕਟ ਭੇਜਿਆ ਗਿਆ। ਇੰਡੀਗੋ ਏਅਰਲਾਈਨ ਨੇ ਦੱਸਿਆ ਕਿ ਜ਼ਰੂਰੀ ਮੁਰੰਮਤ ਤੇ ਰੱਖ-ਰਖਾਅ ਤੋਂ ਬਾਅਦ ਜਹਾਜ਼ ਠੀਕ ਹੋ ਜਾਵੇਗਾ। ਫਿਲਹਾਲ ਜਹਾਜ਼ ਵਿਚ ਸਵਾਰ ਯਾਤਰੀਆਂ ਦੀ ਗਿਣਤੀ ਦਾ ਪਤਾ ਨਹੀਂ ਲੱਗ ਸਕਿਆ। ਏਅਰਲਾਈਨ ਨੇ ਦੱਸਿਅ, 'ਅਬੂਧਾਬੀ ਤੋਂ ਦਿੱਲੀ ਜਾਣ ਵਾਲੀ ਇੰਡੀਗੋ ਦੀ ਉਡਾਣ 6ਈ 1406 ਨੂੰ ਤਕਨੀਕੀ ਖਰਾਬੀ ਕਾਰਨ ਮਸਕਟ ਵੱਲ ਮੋੜ ਦਿੱਤਾ ਗਿਆ ਹੈ।'

ਪੁਲਿਸ ਦਾ ਸਖਤ ਆਦੇਸ਼ ਅਤਵਾਦੀਆਂ ਵਲੋਂ ਭੇਜੀ ਵਿਡੀਉ ਨਾ ਵੇਖੀ ਤੇ ਜਾਵੇ ਨਾ ਭੇਜੀ ਜਾਵੇ

(ਲੋਕ ਬਾਣੀ) / ਜੰਮੂ ਕਸ਼ਮੀਰ



ਜੰਮੂ ਕਸ਼ਮੀਰ ਪੁਲੀਸ ਨੇ ਲੋਕਾਂ ਨੂੰ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਅਤਿਵਾਦੀਆਂ ਵੱਲੋਂ ਸੋਸ਼ਲ ਮੀਡੀਆ, ਵੈੱਬਸਾਈਟ ਤੇ ਜਾਰੀ ਕੋਈ ਵੀ ਵੀਡੀਓ ਨੂੰ ਅੱਗੇ ਸਾਂਝਾ ਨਾ ਕੀਤਾ ਜਾਵੇ। ਪੁਲੀਸ ਅਧਿਕਾਰੀਆਂ ਨੇ ਕਿਹਾ ਕਿ ਜੈਸ਼ ਵੱਲੋਂ ਬੌਲੀਵੁੱਡ ਫ਼ਿਲਮ 'ਫੈਂਟਮ' ਅਤੇ ਅਦਾਕਾਰ ਸੈਫ਼ ਅਲੀ ਖਾਨ ਦੀ ਫੋਟੋ ਨਾਲ ਜਾਰੀ 5.55 ਮਿੰਟ ਦੇ ਇਕ ਵੀਡੀਓ ਨੂੰ ਦੁਸ਼ਮਣਾਂ ਵੱਲੋਂ ਸੋਮਵਾਰ ਦੁਪਿਹਰ 2 ਵਜੇ ਸਾਂਝਾ ਕੀਤਾ ਗਿਆ ਹੈ। ਪੁਲੀਸ ਪ੍ਰਸ਼ਾਸਨ ਨੇ ਇਸ ਵੀਡੀਓ ਨੂੰ ਅੱਗੇ ਨਾ ਸਾਂਝਾ ਕਰਨ ਅਤੇ ਇਸ ਦੀ ਸੂਚਨਾ ਦੇਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਹਨ। ਇਸਦੇ ਨਾਲ ਹੀ ਸਰਕਾਰੀ ਅਧਿਕਾਰੀਆਂ ਨੂੰ ਵੀਡੀਓ ਪ੍ਰਾਪਤ ਹੋਣ 'ਤੇ ਆਪਣੇ ਸੁਪਰਵਾਈਜ਼ਰ ਨੂੰ ਸੂਚਨਾ ਦੇਣ ਲਈ ਕਿਹਾ ਗਿਆ ਹੈ। ਪੁਲੀਸ ਪ੍ਰਸ਼ਾਸਨ ਵੱਲੋਂ ਹਦਾਇਤ ਕੀਤੀ ਗਈ ਹੈ ਕਿ ਕਿਸੇ ਵੀ ਸਥਿਤੀ ਵਿਚ ਇਸ ਵੀਡੀਓ ਨੂੰ ਅੱਗੇ ਭੇਜਣ ਤੋਂ ਰੋਕਿਆ ਜਾਵੇ।

ਕਿਸਾਨ ਕਰਣਗੇ 15 ਅਗਸਤ ਨੂੰ ਟਰੈਕਟਰ ਮਾਰਚ

(ਲੋਕ ਬਾਣੀ) / ਚੰਡੀਗੜ੍ਹ/ ਵਿਨੋਦ ਸ਼ਰਮਾ

-ਕਿਸਾਨ ਯੂਨੀਅਨ ਵਲੋਂ 15 ਅਗਸਤ ਨੂੰ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਕਿਸਾਨ ਯੂਨੀਅਨ ਦੇ ਆਗੂ ਨੇ ਦਿੱਤੀ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿਚ ਇਹ ਮਾਰਚ ਕੱਢਿਆ ਜਾਵੇਗਾ।

ਜਲੰਧਰ ਚ ਕਰੋੜਾਂ ਦੀ ਹਵਾਲਾ ਰਾਸ਼ੀ ਨਾਲ ਇਕ ਵਿਅਕਤੀ ਕਾਬੂ

(ਲੋਕ ਬਾਣੀ) / ਜਲੰਧਰ/ ਹਰਬੰਸ ਬਿੱਟੂ

ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਹਵਾਲਾ ਕਾਰੋਬਾਰ ਵਿਚ ਸ਼ਾਮਿਲ ਇਕ ਗਰੋਹ ਦਾ ਪਰਦਾਫਾਸ਼ ਕਰਕੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 3100 ਅਮਰੀਕੀ ਡਾਲਰਾਂ ਸਮੇਤ ਕਰੀਬ 3 ਕਰੋੜ ਰੁਪਏ ਬਰਾਮਦ ਕੀਤੇ ਹਨ। ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਪੁਲਿਸ ਨੂੰ ਮੁਖਬਰ ਦੀ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਪੁਲਿਸ ਥਾਣਾ ਨਵੀਂ ਬਾਰਾਦਰੀ ਜਲੰਧਰ ਦੀ ਟੀਮ ਨੇ ਟੀ-ਪੁਆਇੰਟ ਬਸ਼ੀਰਪੁਰਾ ਜਲੰਧਰ ਨੇੜੇ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਇਕ ਭਰੋਸੇਮੰਦ ਸੂਤਰ ਤੋਂ ਸੂਚਨਾ ਮਿਲੀ ਸੀ ਕਿ ਕੁਝ ਅਪਰਾਧੀ ਸ਼ਹਿਰ ਵਿਚ ਨਾਜਾਇਜ਼ ਹਥਿਆਰ, ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਕਰ ਰਹੇ ਹਨ। ਖੁਫੀਆ ਸੂਚਨਾ ਤੇ ਤੁਰੰਤ ਕਾਰਵਾਈ ਕਰਦੇ ਹੋਏ ਟੀਮ ਨੇ ਚੈਕਿੰਗ ਲਈ ਇਕ ਕ੍ਰੇਟਾ ਕਾਰ ਨੂੰ ਰੋਕ ਕੇ ਪੁਨੀਤ ਸੂਦ ਉਰਫ ਗਾਂਧੀ ਪੁੱਤਰ ਰਾਜ ਦੇਵ ਪੁੱਤਰ ਥਾਣਾ ਨੰ. ਬੀ.-361, ਕਟੜਾ ਮੁਹੱਲਾ ਨੇੜੇ ਦੁਸਹਿਰਾ ਗਰਾਊਂਡ ਹੁਸ਼ਿਆਰਪੁਰ, ਜਦੋਂ ਉਹ ਹਵਾਲਾ ਰਾਸ਼ੀ ਦੀ ਡਿਲੀਵਰੀ ਕਰਨ ਜਾ ਰਿਹਾ ਸੀ।

ਓਮਾਨ ਦੇ ਸਮੁੰਦਰ ਵਿੱਚ ਡੁੱਬੇ ਜਹਾਜ਼ ਦੇ ਅਫਸਰ ਦੇ ਪਰਿਵਾਰ ਦਾ ਬੁਰਾ ਹਾਲ

(ਲੋਕ ਬਾਣੀ) / ਪਠਾਨਕੋਟ

ਦੁਬਈ ਤੋਂ ਚੱਲ ਕੇ ਓਮਾਨ ਦੇ ਸਮੁੰਦਰ ਖੇਤਰ ਵਿਚ ਪਹੁੰਚਦੀਆਂ ਹੀ ਹਾਦਸੇ ਦਾ ਸ਼ਿਕਾਰ ਹੋ ਗਿਆ ਜਿਸ ਵਿਚ 4 ਭਾਰਤੀ ਮੂਲ ਦੇ ਹਨ ਅਤੇ ਇਨ੍ਹਾਂ ਵਿਚੋਂ 1 ਪਠਾਨਕੋਟ ਦਾ ਰਹਿਣ ਵਾਲਾ ਹੈ, ਜਿਸ ਦੀ ਪਛਾਣ ਰਾਜਿੰਦਰ ਮਿਨਹਾਸ ਵਜੋਂ ਹੋਈ ਹੈ। ਰਾਜਿੰਦਰ ਇਸ ਜਹਾਜ਼ ਵਿਚ ਮੁੱਖ ਅਧਿਕਾਰੀ ਵਜੋਂ ਤਾਇਨਾਤ ਸੀ, ਪਰ ਉਸ ਦੀ ਅਜੇ ਤਕ ਕੋਈ ਉੱਗ-ਸੁੱਗ ਨਹੀਂ ਮਿਲੀ, ਜਿਸ ਕਾਰਨ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੋਇਆ ਪਿਆ ਹੈ। ਪਰਿਵਾਰ ਵਾਲਿਆਂ ਨੇ ਭਾਰਤ ਸਰਕਾਰ ਤੋਂ ਮੰਗ ਕਰਦਿਆਂ ਰਾਜਿੰਦਰ ਨੂੰ ਲੱਭਣ ਦੀ ਗੁਹਾਰ ਲਗਾਈ ਹੈ। ਪਰਿਵਾਰ ਨੇ ਦੱਸਿਆ ਕਿ ਰਾਜਿੰਦਰ 11 ਜੁਲਾਈ ਨੂੰ ਸ਼ਿਪ ਡਿਊਟੀ ਕਰਨ ਗਿਆ ਸੀ ਤੇ ਉਨ੍ਹਾਂ ਨੂੰ 14 ਜੁਲਾਈ ਨੂੰ ਖ਼ਬਰ ਮਿਲੀ ਸੀ ਕਿ ਉਨ੍ਹਾਂ ਦੀ ਸ਼ਿਪ ਪਲਟ ਗਈ ਹੈ। ਇਸ ਮਗਰੋਂ 17 ਜੁਲਾਈ ਨੂੰ ਪਤਾ ਲੱਗਿਆ ਕਿ ਸ਼ਿਪ ਵਿਚ ਕੰਮ ਕਰਨ ਵਾਲੇ 16 ਵਿਅਕਤੀਆਂ ਵਿਚੋਂ 9 ਮਿਲ ਗਏ ਹਨ

ਅੱਜ ਹੋਵੇਗੀ ਇੰਡੀਆ ਗੱਠਜੋੜ ਦੀ ਬੈਠਕ

(ਲੋਕ ਬਾਣੀ) / ਦਿੱਲੀ

-ਇੰਡੀਆ ਗੱਠਜੋੜ ਦੀ ਅੱਜ ਸ਼ਾਮ ਨੂੰ ਸੰਸਦ ਸੈਸ਼ਨ ਦੇ ਸੰਬੰਧ ਵਿਚ ਮੀਟਿੰਗ ਬੁਲਾਈ ਗਈ ਹੈ। ਇਹ ਬੈਠਕ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਅਤੇ ਰਾਜ ਸਭਾ ਦੇ ਐਲ.ਓ.ਪੀ. ਮਲਿਕਾਰਜੁਨ ਖੜਗੇ ਦੇ ਨਿਵਾਸ ਤੇ ਹੋਵੇਗੀ ਅਤੇ ਇਸ ਵਿਚ ਇੰਡੀਆ ਗੱਠਜੋੜ ਦੇ ਸੀਨੀਅਰ ਸੰਸਦ ਮੈਂਬਰ ਸ਼ਾਮਿਲ ਹੋਣਗੇ।

ਭਿਆਨਕ ਸੜਕ ਹਾਦਸੇ ਵਿੱਚ ਹੋਈ ਤਿੰਨ ਦੀ ਮੌਤ ਕਈ ਜ਼ਖ਼ਮੀ

(ਲੋਕ ਬਾਣੀ) / ਰਾਮਪੁਰ

ਯੂਪੀ ਦੇ ਰਾਮਪੁਰ ਚ ਸਰਕਾਰੀ ਬੱਸ ਅਤੇ ਪ੍ਰਾਈਵੇਟ ਬੱਸ ਵਿਚਾਲੇ ਹੋਈ ਆਹਮੋ-ਸਾਹਮਣੇ ਟੱਕਰ ਚ 3 ਲੋਕਾਂ ਦੀ ਮੌਤ ਹੋ ਗਈ ਅਤੇ ਕਰੀਬ 49 ਯਾਤਰੀ ਜ਼ਖ਼ਮੀ ਹੋ ਗਏ।ਇਹ ਹਾਦਸਾ ਦਿੱਲੀ-ਬਰੇਲੀ ਰਾਸ਼ਟਰੀ ਰਾਜ ਮਾਰਗ ਤੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਨਿੱਜੀ ਬੱਸ ਹਰਿਦੁਆਰ ਤੋਂ ਸ਼ਰਾਵਸਤੀ ਜ਼ਿਲ੍ਹੇ ਜਾ ਰਹੀ ਸੀ, ਜਦੋਂ ਉੱਤਰ ਪ੍ਰਦੇਸ਼ ਦੀ ਬੱਸ ਬਰੇਲੀ ਤੋਂ ਦਿੱਲੀ ਜਾ ਰਹੀ ਸੀ, ਦੋਵਾਂ ਦੀ ਆਹਮੋ-ਸਾਹਮਣੇ ਟੱਕਰ ਹੋ ਗਈ।

ਦੋ ਕਰੋੜ ਦੀ ਵਿਦੇਸ਼ੀ ਕਰੰਸੀ ਸਣੇ ਇੱਕ ਕਾਬੂ

(ਲੋਕ ਬਾਣੀ) /ਜਲੰਧਰ

ਜਲੰਧਰ ਕਮਿਸ਼ਨਰੇਟ ਪੁਲੀਸ ਨੇ ਬੀਤੀ ਦੇਰ ਰਾਤ ਇੱਥੋਂ ਦੇ ਸੰਤ ਨਗਰ ਨੇੜੇ ਇੱਕ ਰੁਟੀਨ ਨਾਕੇ ਤੋਂ 2 ਕਰੋੜ ਰੁਪਏ ਦੀ ਵਿਦੇਸ਼ੀ ਕਰੰਸੀ ਸਮੇਤ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ ਪੁਨੀਤ ਸੂਦ ਵਾਸੀ ਹੁਸ਼ਿਆਰਪੁਰ ਵਜੋਂ ਹੋਈ ਹੈ। ਮੁਲਜ਼ਮ ਵਿਦੇਸ਼ੀ ਕਰੰਸੀ ਲਈ ਦਸਤਾਵੇਜ਼ ਮੁਹੱਈਆ ਕਰਵਾਉਣ ਵਿੱਚ ਅਸਮਰੱਥ ਰਿਹਾ, ਜਿਸ 'ਤੇ ਪੁਲੀਸ ਨੇ ਉਸ ਨੂੰ ਤੁਰੰਤ ਗ੍ਰਿਫ਼ਤਾਰ ਕਰਦਿਆਂ ਕੇਸ ਦਰਜ ਕਰਨ ਮਗਰੋਂ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਘਰ ਦੇ ਬਾਹਰ ਸੁੱਤੇ ਵਿਅਕਤੀ ਦਾ ਕਤਲ

(ਲੋਕ ਬਾਣੀ) / ਮਾਨਸਾ

ਮਾਨਸਾ ਜ਼ਿਲ੍ਹੇ ਦੇ ਪਿੰਡ ਫੁਲੂਵਾਲਾ ਡੋਗਰਾ ਵਿੱਚ ਘਰ ਦੇ ਬਾਹਰ ਸੁੱਤੇ ਪਏ ਵਿਅਕਤੀ ਦਾ ਕਿਸੇ ਨੇ ਤੇਜ਼ਧਾਰ ਹਥਿਆਰ ਨਾਲ ਕਤਲ ਕਰ ਦਿੱਤਾ। ਮਾਮਲੇ ਦੀ ਗੁੱਥੀ ਸੁਲਝਾਉਣ ਲਈ ਉੱਚ ਅਧਿਕਾਰੀਆਂ ਅਤੇ ਥਾਣਾ ਪੁਲੀਸ ਪਾਰਟੀ ਨੇ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਲਖਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਾਭ ਸਿੰਘ ਐੱਲਆਈਸੀ ਜਗਰਾਉਂ ਵਿੱਚ ਖ਼ਜ਼ਾਨਚੀ ਵਜੋਂ ਨੌਕਰੀ ਕਰਦਾ ਸੀ ਅਤੇ ਉਸ ਨੇ 31 ਜੁਲਾਈ ਨੂੰ ਸੇਵਾਮੁਕਤ ਹੋਣਾ ਸੀ।